# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :12-07-2026**

ਮੁਲਾਜ਼ਮਾਂ ਦੇ PROVIDEND ਫੰਡ ਬਾਰੇ ਸੰਸਥਾ (EPFO) ਨੇ ਮਾਫ਼ੀ ਸਕੀਮ 2026 ਸ਼ੁਰੂ ਕੀਤੀ ਏ। ਇਸ ਤਹਿਤ, ਆਮਦਨ ਟੈਕਸ ਕਾਨੂੰਨ, 1961 ਤਹਿਤ ਮਾਨਤਾ ਪ੍ਰਾਪਤ ਛੋਟ ਦੇ ਨਾਲ ਪ੍ਰਾਵੀਡੈਂਟ ਫੰਡ ਟਰੱਸਟਾਂ ਨੂੰ ਚਲਾਉਣ ਵਾਲੇ ਅਦਾਰਿਆਂ ਨੂੰ ਆਪਣੀ ਸਥਿਤੀ ਨੂੰ ਨਿਯਮਤ ਕਰਨ ਦਾ ਇੱਕਮੁਸ਼ਤ ਮੌਕਾ ਪ੍ਰਦਾਨ ਕੀਤਾ ਗਿਆ ਏ। ਕਿਰਤ ਅਤੇ ਰੁਜ਼ਗਾਰ ਮੰਤਰਾਲੇ ਨੇ ਕਿਹਾ ਏ ਕਿ ਇਹ ਸਕੀਮ ਛੇ ਮਹੀਨਿਆਂ ਦੀ ਮਿਆਦ ਲਈ ਲਾਗੂ ਹੋਵੇਗੀ। ਇਹ ਸਕੀਮ ਆਮਦਨ ਟੈਕਸ ਕਾਨੂੰਨ, 1961 ਤਹਿਤ ਮਾਨਤਾ ਪ੍ਰਾਪਤ ਪ੍ਰਾਵੀਡੈਂਟ ਫੰਡ ਟਰੱਸਟਾਂ ਨੂੰ ਚਲਾਉਣ ਵਾਲੇ ਅਦਾਰਿਆਂ 'ਤੇ ਲਾਗੂ ਹੋਵੇਗੀ। ਮੰਤਰਾਲੇ ਮੁਤਾਬਿਕ, ਯੋਗ ਅਦਾਰਿਆਂ ਨੂੰ ਸੰਬੰਧਿਤ ਖੇਤਰੀ ਦਫ਼ਤਰ ਨੂੰ ਈਮੇਲ ਰਾਹੀਂ ਇੱਕ ਬਕਾਇਦਾ ਅਰਜ਼ੀ ਜਮ੍ਹਾਂ ਕਰਾਉਣ ਦੀ ਲੋੜ ਹੋਵੇਗੀ। ਛੋਟ ਪ੍ਰਾਪਤ ਪ੍ਰਾਵੀਡੈਂਟ ਫੰਡ ਇੱਕ ਮਾਲਕ-ਪ੍ਰਬੰਧਿਤ PF ਸਕੀਮ ਏ ਜੋ ਆਪਣੇ ਪ੍ਰਾਵੀਡੈਂਟ ਫੰਡ ਯੋਗਦਾਨਾਂ ਨੂੰ ਸਿੱਧੇ

EPFO ਵਿੱਚ ਜਮ੍ਹਾ ਕਰਨ ਦੀ ਬਜਾਏ ਇੱਕ ਨਿੱਜੀ ਟਰੱਸਟ ਰਾਹੀਂ ਅੰਦਰੂਨੀ ਤੌਰ 'ਤੇ ਚਲਾਉਂਦੀ ਏ।

-----------------------------------------------------------

ਪੰਜਾਬ ਭਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ SIR ਤਹਿਤ ਘਰ-ਘਰ ਜਾ ਕੇ ਗਣਨਾ ਕਰਨ ਦੀ ਪ੍ਰਕਿਰਿਆ ਨਿਰੰਤਰ ਤੇਜ਼ੀ ਨਾਲ ਚੱਲ ਰਹੀ ਏ. ਇਸ ਮੁਹਿੰਮ ਨੂੰ ਹੋਰ ਹੁਲਾਰਾ ਦੇਣ ਅਤੇ ਜਨਤਾ ਦੀ ਵੱਧ ਤੋਂ ਵੱਧ ਹਿੱਸੇਦਾਰੀ ਨੂੰ ਉਤਸ਼ਾਹਿਤ ਕਰਨ ਲਈ, ਅੱਜ ਪੰਜਾਬ ਭਰ ਦੇ ਸਾਰੇ ਵੋਟ ਕੇਂਦਰਾਂ 'ਤੇ ਵਿਸ਼ੇਸ਼ ਕੈਂਪ ਲਾਇਆ ਜਾ ਰਿਹਾ ਏ. ਸਵੇਰੇ 8 ਵਜੇ ਤੋਂ ਸੁਰੂ ਹੋਇਆ ਕੈਂਪ ਦੁਪਹਿਰ ਬਾਅਦ 3 ਵਜੇ ਤੱਕ ਜਾਰੀ ਰਹੇਗਾ. ਅਜਿਹਾ ਇੱਕ ਕੈਂਪ ਕਲ੍ਹ ਵੀ ਲਾਇਆ ਗਿਆ ਸੀ. ਇਨ੍ਹਾਂ ਕੈਂਪਾਂ ਦੌਰਾਨ ਬਾਕੀ ਰਹਿੰਦੇ ਗਣਨਾ ਫਾਰਮ ਭਰੇ, ਇਕੱਠੇ ਅਤੇ ਡਿਜੀਟਾਈਜ਼ ਕੀਤੇ ਜਾ ਰਹੇ ਨੇ, ਵੋਟਰ ਸੂਚੀ ਦੀਆਂ ਖਾਮੀਆਂ ਅਤੇ ਫਰਕ ਨੂੰ ਦੂਰ ਕੀਤਾ ਜਾ ਰਿਹਾ ਏ ਅਤੇ ਨਾਗਰਿਕਾਂ ਨੂੰ ਉਨ੍ਹਾਂ ਦੇ ਵੋਟ ਦੇ ਵੇਰਵਿਆਂ ਨੂੰ ਅਪਡੇਟ ਅਤੇ ਤਸਦੀਕ ਕਰਨ ਵਿੱਚ ਸਹਾਇਤਾ ਕੀਤੀ ਜਾ ਰਹੀ ਏ. ਚੰਡੀਗੜ੍ਹ ਵਿੱਚ ਵੀ ਇਹ ਦੋ ਦਿਨਾਂ ਦੇ ਵਿਸ਼ੇਸ਼ ਕੈਂਪ ਲਾਏ ਜਾ ਰਹੇ ਨੇ.

-----------------------------------------------------------

ਬਟਾਲਾ ਦੇ ਹਾਥੀ ਗੇਟ ਨੇੜੇ ਅੱਜ ਸਵੇਰੇ ਤੜਕਸਾਰ ਕਬਾੜ ਦੇ ਗੋਦਾਮ ਨੂੰ ਅੱਗ ਲੱਗ ਗਈ. ਅੱਗ ਕਾਫੀ ਭਿਆਨਕ ਸੀ ਪਰ ਬਟਾਲਾ,

ਗੁਰਦਾਸਪੁਰ, ਤੇ ਅੰਮ੍ਰਿਤਸਰ ਤੋਂ ਅੱਗ ਬੁਝਾਉ ਗੱਡੀਆਂ ਦੀ ਮਦਦ ਦੇ ਨਾਲ ਇਸ ਅੱਗ ਤੇ ਕਾਬੂ ਪਾਇਆ ਗਿਆ. ਗੱਲਬਾਤ ਦੌਰਾਨ ਅੱਗ ਬੁਝਾਊ ਅਮਲੇ ਦੇ ਅਧਿਕਾਰੀ ਰਾਕੇਸ਼ ਕੁਮਾਰ ਨੇ ਕਿਹਾ ਕਿ ਸੂਚਨਾ ਮਿਲਦੇ ਹੀ ਅੱਗ ਬੁਝਾਉ ਅਮਲਾ ਫੌਰਨ ਮੌਕੇ ‘ਤੇ ਪਹੁੰਚਿਆ ਤੇ ਨਾਲ ਦੇ ਜਿਲ੍ਹਿਆਂ ਕੋਲੋਂ ਅੱਗ ਬੁਝਾਉਣ ਵਾਲੀਆਂ ਗੱਡੀਆਂ ਮੰਗਵਾਈ ਗਈਆਂ ਤੇ ਅੱਗ ਤੇ ਕਾਬੂ ਪਾਇਆ ਗਿਆ. ਅੱਗ ਲੱਗਣ ਦੇ ਕਰਣ ਦਾ ਅਜੇ ਤੱਕ ਪਤਾ ਨਹੀ ਲੱਗਿਆ ਏ |

-------------------------------------------------------

ਗੁਰਦਾਸਪੁਰ ਦੇ ਪੁਲਿਸ ਸਟੇਸ਼ਨ ਬਹਿਰਾਮਪੁਰ ਅਧੀਨ ਆਉਂਦੇ ਪਿੰਡ ਜੱਗੋਚੱਕ ਟਾਂਡਾ ਦੇ ਖੇਤਾਂ ਵਿੱਚੋਂ ਇੱਕ ਸ਼ੱਕੀ ਡਰੋਨ ਮਿਲਿਆ. ਡਰੋਨ ਦੇਖ ਕੇ ਸਥਾਨਕ ਲੋਕਾਂ ਵਲੋਂ ਤੁਰੰਤ ਪੁਲਿਸ ਨੂੰ ਸੂਚਨਾ ਦਿੱਤੀ ਗਈ, ਜਿਸ ਤੋਂ ਬਾਅਦ ਪੁਲਿਸ ਟੀਮ ਮੌਕੇ 'ਤੇ ਪਹੁੰਚ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀਐਸਪੀ ਦੀਨਾਨਗਰ ਰਜਿੰਦਰ ਮਿਨਹਾਸ ਨੇ ਦੱਸਿਆ ਕਿ ਮੌਕੇ ਤੇ ਪਹੁੰਚੇ ਕੇ ਡਰੋਨ ਨੂੰ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਏ। ਘਟਨਾ ਦੀ ਸੂਚਨਾ ਮਿਲਦੇ ਹੀ ਉੱਚ ਅਧਿਕਾਰੀ ਵੀ ਮੌਕੇ 'ਤੇ ਪਹੁੰਚੇ ਅਤੇ ਆਲੇ-ਦੁਆਲੇ ਦੇ ਇਲਾਕੇ ਦੀ ਬਾਰੀਕੀ ਨਾਲ ਤਲਾਸ਼ੀ ਲਈ ਜਾ ਰਹੀ ਏ.

-------------------------------------------------------

ਸੂਬੇ ਵਿੱਚ ਚੱਲ ਰਹੀ ਮੁਹਿੰਮ ’ਗੈਂਗਸਟਰਾਂ 'ਤੇ ਵਾਰ’ ਦੇ 172ਵੇਂ ਦਿਨ ਪੰਜਾਬ ਪੁਲਿਸ ਨੇ ਕਲ੍ਹ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 661 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਏ ਕਿ ‘ਗੈਂਗਸਟਰਾਂ ‘ਤੇ ਵਾਰ’- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਨੇ. 172ਵੇਂ ਦਿਨ ਪੁਲਿਸ ਟੀਮਾਂ ਨੇ 417 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 46 ਹਜ਼ਾਰ 774 ਹੋ ਗਈਆਂ ਨੇ । ਇਸ ਤੋਂ ਇਲਾਵਾ 348 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਏ । ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 13 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਏ । ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93-946-93-946 ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਗੁਪਤ ਰੂਪ ਵਿੱਚ ਸ਼ਿਕਾਇਤ ਕਰ ਸਕਦੇ ਨੇ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦੇ ਸਕਦੇ ਨੇ.

-------------------------------------------------

ਮੌਸਮ ਵਿਭਾਗ ਨੇ ਅਗਲੇ ਚਾਰ ਦਿਨਾਂ ਤੱਕ ਦੇਸ਼ ਦੇ ਉੱਤਰੀ ਅਤੇ ਪੂਰਬੀ ਹਿੱਸਿਆਂ ਵਿੱਚ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ. ਇਨ੍ਹਾਂ ਵਿੱਚ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਲੱਦਾਖ, ਤੇ ਉਤਰਾਖੰਡ, ਦੇ ਨਾਲ – ਨਾਲ ਉੱਤਰੀ ਤੇ ਪੂਰਬੀ ਭਾਰਤ ਦੇ ਹੋਰ ਹਿੱਸੇ ਸ਼ਾਮਿਲ ਨੇ.

-------------------------------------------------

ਇੰਗਲੈਂਡ ਨੇ ਫਲੋਰੀਡਾ ਵਿੱਚ ਨਾਰਵੇ ਨੂੰ 2-1 ਨਾਲ ਹਰਾ ਕੇ ਫੀਫਾ ਵਿਸ਼ਵ ਕੱਪ ਦੇ ਸੈਮੀਫਾਈਨਲ ਵਿੱਚ ਥਾਂ ਬਣਾ ਲਈ ਏ. ਇੰਗਲੈਂਡ ਦੇ ਜੂਡ ਬੇਲਿੰਘਮ ਨੇ ਵਾਧੂ ਸਮੇਂ ਵਿੱਚ ਦੋ ਗੋਲ ਕਰਕੇ ਇੰਗਲੈਂਡ ਨੂੰ ਜਿੱਤ ਦਿਵਾਈ। ਇਹ ਇੰਗਲੈਂਡ ਦਾ ਤੀਜਾ ਵਿਸ਼ਵ ਕੱਪ ਸੈਮੀਫਾਈਨਲ ਏ । ਸਪੇਨ ਅਤੇ ਫਰਾਂਸ ਪਹਿਲਾਂ ਹੀ ਸੈਮੀਫਾਈਨਲ ਵਿੱਚ ਦਾਖਿਲ ਹੋ ਚੁਕੇ ਨੇ.

-------------------------------------------------